Vigilance Bureau Punjab

**Vigilance nabs Junior Engineer of PSPCL for taking bribe of Rs. 5,000**

Chandigarh, February 1: Punjab Vigilance Bureau today nabbed a Junior Engineer red handed while accepting a bribe of Rs. 5,000.

Disclosing this here today, an official spokesperson of the State Vigilance Bureau said Manmohan Singh, Junior Engineer posted at Sub-division PSPCL Maur, Bathinda district was nabbed red handed by Vigilance team for accepting bribe of Rs. 5,000 from the complainant Daljit Singh of village Jodpur Pakar in Bathinda district. The complainant has approached the VB and alleged that the above said Junior Engineer was demanding Rs. 10,000 for installing a new transformer at his tubewell.

After verifying his information, a VB team laid a trap and the accused Junior Engineer was arrested on the spot while accepting a bribe of Rs. 5,000 from the complainant in the presence of two official witnesses.

He informed that a case under Prevention of Corruption Act has been registered against the accused at VB police station Bathinda and further investigation was under progress.

--------------

ਵਿਜੀਲੈਂਸ ਬਿਊਰੋ ਪੰਜਾਬ

**ਵਿਜੀਲੈਂਸ ਨੇ ਪੀ.ਐਸ.ਪੀ.ਸੀ.ਐਲ. ਦੇ ਜੇਈ ਨੂੰ 5 ਹਜ਼ਾਰ ਰੁਪਏ ਦੀ ਰਿਸ਼ਵਤ ਲੈਂਦਿਆਂ ਕੀਤਾ ਰੰਗੇ ਹੱਥੀਂ ਕਾਬੂ**

ਚੰਡੀਗੜ, 1 ਫਰਵਰੀ : ਪੰਜਾਬ ਵਿਜੀਲੈਂਸ ਬਿਊਰੋ ਨੇ ਅੱਜ ਇੱਕ ਜੂਨੀਅਰ ਇੰਜੀਨੀਅਰ (ਜੇਈ) ਨੂੰ 5 ਹਜ਼ਾਰ ਰੁਪਏ ਦੀ ਰਿਸਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਬਠਿੰਡਾ ਜਿਲੇ ਦੀ ਪੀ.ਐਸ.ਪੀ.ਸੀ.ਐਲ. ਸਬ-ਡਵੀਜਨ ਮੌੜ ਵਿਖੇ ਤਾਇਨਾਤ ਜੂਨੀਅਰ ਇੰਜੀਨੀਅਰ ਮਨਮੋਹਨ ਸਿੰਘ ਨੂੰ ਵਿਜੀਲੈਂਸ ਟੀਮ ਵਲੋਂ 5 ਹਜਾਰ ਰੁਪਏ ਦੀ ਰਿਸ਼ਵਤ ਲੈਂਦਿਆਂ ਗ੍ਰਿਫ਼ਤਾਰ ਕੀਤਾ ਗਿਆ। ਇਸ ਸਬੰਧੀ ਵਿਜੀਲੈਂਸ ਨੂੰ ਸ਼ਿਕਾਇਤਕਰਤਾ ਦਲਜੀਤ ਸਿੰਘ ਵਾਸੀ ਪਿੰਡ ਜੋਧਪੁਰ ਪਾਖਰ ਜ਼ਿਲਾ ਬਠਿੰਡਾ ਦੇ ਵਲੋਂ ਸਕਿਾਇਤ ਦਿੱਤੀ ਗਈ ਸੀ। ਸ਼ਿਕਾਇਤਕਰਤਾ ਨੇ ਬਿਊਰੋ ਤੱਕ ਪਹੁੰਚ ਕਰਕੇ ਦੋਸ਼ ਲਾਇਆ ਕਿ ਉਕਤ ਜੂਨੀਅਰ ਇੰਜੀਨੀਅਰ ਉਸਦੇ ਟਿਊਬਵੈਲ ਵਿਖੇ ਨਵਾਂ ਟਰਾਂਸਫਾਰਮਰ ਲਗਾਉਣ ਬਦਲੇ 10 ਹਜਾਰ ਰੁਪਏ ਦੀ ਮੰਗ ਕਰ ਰਿਹਾ ਹੈ।

ਇਸ ਸਕਿਾਇਤ ਦੀ ਜਾਂਚ ਤੋਂ ਬਾਅਦ ਵਿਜੀਲੈਂਸ ਬਿਊਰੋ ਦੀ ਟੀਮ ਨੇ ਦੋਸ਼ੀ ਜੇਈ ਨੂੰ ਦੋ ਗਵਾਹਾਂ ਅਤੇ ਸ਼ਿਕਾਇਤਕਰਤਾ ਦੀ ਹਾਜ਼ਰੀ ਵਿੱਚ ਮੌਕੇ ਤੇ ਹੀ 5000 ਰੁਪਏ ਦੀ ਰਿਸ਼ਵਤ ਲੈਂਦਿਆਂ ਗ੍ਰਿਫਤਾਰ ਕਰ ਲਿਆ।

ਉਨਾਂ ਦੱਸਿਆ ਕਿ ਦੋਸ਼ੀ ਵਿਰੁੱਧ ਭ੍ਰਿਸਟਾਚਾਰ ਰੋਕੂ ਕਾਨੂੰਨ ਤਹਿਤ ਵਿਜੀਲੈਂਸ ਦੇ ਥਾਣਾ ਬਠਿੰਡਾ ਵਿਖੇ ਕੇਸ ਦਰਜ ਕਰ ਲਿਆ ਹੈ ਅਤੇ ਅਗਲੇਰੀ ਪੜਤਾਲ ਜਾਰੀ ਹੈ।

----------